ADVOCATE, BATHINDA
नोटरी
INDIA
NOTARY

ENGLISH VERSION FROM PUNJABI SCRIPT

No.11/20/2004-2Edn:3/13100

PUNJAB GOVT
EDUCATION DEPARTMENT
(Education -3 Branch)

To,

Principal
Silver Oaks School
Bibi Wala Road
Bathinda

Date, Chandigarh 24.06.2004

Sub :- No objection certificate for affiliation with C.B.S.E New Delhi

Sir,

1. Reference your letter No SOS/OC/1058/03-04 dated 09.12.03 on the subject cited above.

2. The No Objection certificate, is issued after consideration the documents and affidavit submitted by the school management committee, and the recommendations of District Education Officer, Bathinda and DPI Private aided (Schools), meticulously subject to the following conditions:-

(i) In future, if on any complaint/inspection, the fact comes to light that you have given wrong information while applying for the no objection certificate and, or you fail to comply with the instructions issued by the Punjab State Government from time to time and similarly you fail to obi by the conditions contains in the affidavit then in such conditions the no objection certificate can be withdrawn at any time.

(ii) It shall be compulsory to teach Punjabi up to 10th standard and C.B.S.E will ensure that in such school arrangements are made to test the children in Punjabi and it is also made clear that in case it fails to do so the no objection certificate can be withdrawn immediately

Director

Director

(iii) After obtaining C.B.S.E the school management of the school shall be bound to pay the salary and other allowances to the teaching and non teaching staff of the school, as per government scales in case it is not done the no objection certificate will be withdrawn immediately.

(iv) You yourself and your management shall ensure to supply the requisite information and requisite assistance to the District Education Officer or senior authority of education department as and when required.

Sd/-
Chief Secretary
School Education

Ednst No. 11/20/2004-2Edn.3/ Date, Chandigarh

A copy is sent to the director education department t, Private aided schools, Punjab, Chandigarh with reference to his memo No 15/17-04-Gr-1(2) dated 20 May 2004 with the request that the inspection of the school be ensured at least once in five years and the inspection report be sent to the government so as to ensure that the concern school is complying with the Govt of Punjab instructions meticulously or not.

Sd/-
Chief Secretary
School Education

Attested Translation from
Punjabi to English Version

25/6/04
ASHOK KUMAR
ADVOCATE & NOTARY
DISTT. BATHINDA (Pb.)

Director

Director

ਨੰ: 11/20/2004-2ਸਿ: 3/13100

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਸਿਲਵਰ ਓਕਸ ਸਕੂਲ,
ਬੀਬੀ ਵਾਲਾ ਰੋਡ,
ਬਠਿੰਡਾ

Director

ਮਿਤੀ, ਚੰਡੀਗੜ੍ਹ: 24.6.2004

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ.ਐਸ.ਓ.ਐਸ/ਓ.ਸਾ./1058/03-04 ਮਿਤੀ 9.12.03 ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ਬਠਿੰਡਾ ...................... ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜ਼ਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆਂ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ

ਪਿੱਠ ਅੰਕਣ ਨੰ: 11/20/2004-2ਸਿ:3/ ਮਿਤੀ, ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੀ ਮੀਮੋ ਨੰ:15/7-04-ਗ੍ਰ:1(2), ਮਿਤੀ 20.5.2004 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰ ਰਿਹਾ ਹੈ ਜਾਂ ਨਹੀਂ।

ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ

*****

Director

Director